ਦਫ਼ਤਰ ਜ਼ਿਲ੍ਹਾ ਲੋਕ ਸੰਪਰਕ ਅਫ਼ਸਰ, ਅੰਮ੍ਰਿਤਸਰ।

**-ਪੰਜਾਬ ਸਰਕਾਰ ਨੇ ਦੁਕਾਨਦਾਰਾਂ ਨੂੰ ਸਮਾਨ ਦੀ ਡਿਲੀਵਰੀ ਲਈ ਕੀਤਾ ਨਵਾਂ ਮੋਡਿਊਲ ਜਾਰੀ**

**-ਦੁਕਾਨਦਾਰ ਕੋਵਾ ਪੰਜਾਬ ਐਪ ਰਾਹੀਂ ਆਰਡਰ ਲੈ ਕੇ ਨਾਗਰਿਕਾਂ ਨੂੰ ਘਰਾਂ ਵਿੱਚ ਕਰਵਾਉਣਗੇ ਜ਼ਰੂਰੀ ਵਸਤਾਂ ਮੁਹੱਈਆ**

**-ਕੋਵਾ ਪੰਜਾਬ ਐਪ ਗੁਗਲ ਪਲੇ ਸਟੋਰ ਅਤੇ ਐਪਲ ਐਪ ਸਟੋਰ ਵਿੱਚ ਮੁਫ਼ਤ ਉਪਲੱਬਧ ਹੈ**

**-ਸ਼ਿਕਾਇਤ ਮਿਲਣ 'ਤੇ ਪ੍ਰਸਾਸ਼ਨ ਕਰ ਸਕਦਾ ਹੈ ਕਿਸੇ ਵੀ ਦੁਕਾਨਦਾਰ ਦੀ ਰਜਿਸਟ੍ਰੇਸ਼ਨ ਰੱਦ**

**ਅੰਮ੍ਰਿਤਸਰ, 1 ਅਪ੍ਰੈਲ (** ) : ਡਿਪਟੀ ਕਮਿਸ਼ਨਰ ਸ. ਸ਼ਿਵਦੁਲਾਰ ਸਿੰਘ ਢਿਲੋਂ ਨੇ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਜ਼ਰੂਰੀ ਵਸਤਾਂ ਦੀ ਘਰ ਤੱਕ ਪਹੁੰਚ ਕਰਵਾਉਣ ਲਈ ਕੋਵਾ ਪੰਜਾਬ ਐਪ (COVA PUNJAB APP) ਵਿੱਚ ਇੱਕ ਨਵਾਂ ਮੋਡਿਊਲ ਤਿਆਰ ਕੀਤਾ ਗਿਆ ਹੈ। ਇਹ ਮੋਡਿਊਲ ਸਾਰੇ ਦੁਕਾਨਦਾਰ ਅਤੇ ਜ਼ਿਲ੍ਹਾ ਪ੍ਰਸਾਸ਼ਨ ਆਪਣੇ ਨਾਲ ਸਬੰਧਤ ਕੰਮ ਲਈ ਵਰਤ ਸਕਦੇ ਹਨ।

ਡਿਪਟੀ ਕਮਿਸ਼ਨਰ ਸ. ਢਿਲੋਂ ਨੇ ਦੱਸਿਆ ਕਿ ਜ਼ਿਲ੍ਹਾ ਵਾਸੀਆਂ ਵੱਲੋਂ ਇਸ ਮੋਡਿਊਲ ਨੂੰ ਵਰਤਣ ਲਈ ਪੰਜਾਬ ਸਰਕਾਰ ਦੀ ਐਪ ਡਾਊਨਲੋਡ ਕਰਨੀ ਲਾਜ਼ਮੀ ਹੋਵੇਗੀ ਜੋ ਕਿ ਗੁਗਲ ਪਲੇ ਸਟੋਰ ਅਤੇ ਐਪਲ ਐਪ ਸਟੋਰ ਵਿੱਚ ਮੁਫ਼ਤ ਉਪਲੱਬਧ ਹੈ। ਉਨ੍ਹਾਂ ਦੱਸਿਆ ਕਿ ਕੋਵਾ ਐਪ ਦੀ ਮੈਨਯੂ ਵਿੱਚ ਰਿਕਵੈਸਟ ਗਰੋਸਰੀ ਟਾਇਪ 'ਤੇ ਕਲਿੱਕ ਕਰਕੇ ਇਹ ਮੋਡਿਊਲ ਖੁਲ੍ਹ ਜਾਵੇਗਾ। ਉਨ੍ਹਾਂ ਦੱਸਿਆ ਕਿ ਇਸ ਤੋਂ ਬਾਅਦ ਨਾਗਰਿਕ ਆਪਣੀ ਲੋਕੇਸ਼ਨ ਸੈਟ ਕਰਕੇ ਆਪਣੇ ਨੇੜਲੇ ਦੁਕਾਨਦਾਰਾਂ ਨੂੰ ਦੇਖ ਸਕਣਗੇ। ਉਨ੍ਹਾਂ ਦੱਸਿਆ ਕਿ ਇਹ ਐਪ ਕੇਵਲ ਉਨ੍ਹਾਂ ਦੁਕਾਨਦਾਰਾਂ ਦੀ ਲੋਕੇਸ਼ਨ ਦੱਸੇਗੀ ਜਿਨ੍ਹਾਂ ਨੇ ਇਸ ਐਪ ਰਾਹੀਂ ਰਜਿਸਟ੍ਰੇਸ਼ਨ ਕਰਵਾਈ ਹੋਵੇਗੀ ਅਤੇ ਜਿਨ੍ਹਾਂ ਦੁਕਾਨਦਾਰਾਂ ਨੂੰ ਇਸ ਐਪ ਰਾਹੀਂ ਜ਼ਿਲ੍ਹਾ ਪ੍ਰਸ਼ਾਸ਼ਨ ਵੱਲੋਂ ਮੰਨਜ਼ੂਰੀ ਦਿੱਤੀ ਜਾਵੇਗੀ।

ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਇਸ ਮੋਡਿਊਲ ਰਾਹੀਂ ਨਾਗਰਿਕ ਫਲ-ਸਬਜੀਆਂ, ਦਵਾਈਆਂ, ਦੁੱਧ ਉਤਪਾਦ ਅਤੇ ਕਰਿਆਣੇ ਦੇ ਸਮਾਨ ਨੂੰ ਲੋੜ ਅਨੁਸਾਰ ਆਪਣੇ ਘਰ ਮੰਗਵਾ ਸਕਦੇ ਹਨ। ਉਨ੍ਹਾਂ ਦੱਸਿਆ ਕਿ ਖਰੀਦੇ ਸਮਾਨ ਦੀ ਰਾਸ਼ੀ ਦਾ ਭੁਗਤਾਨ ਆਰਡਰ ਦੀ ਡਿਲੀਵਰੀ ਸਮੇਂ ਹੀ ਕਰਨਾ ਹੈ ਅਤੇ ਜੇਕਰ ਨਾਗਰਿਕ ਆਪਦੇ ਆਰਡਰ ਤੋਂ ਸੰਤੁਸ਼ਟ ਨਾ ਹੋਣ ਤਾਂ ਕੋਵਾ ਐਪ ਵਿੱਚ ਰਿਪੋਰਟ ਕਰ ਸਕਦੇ ਹਨ। ਉਨ੍ਹਾਂ ਦੱਸਿਆ ਕਿ ਕੋਈ ਵੀ ਰਜਿਸਟਰਡ ਦੁਕਾਨਦਾਰ ਆਪਣਾ ਸਮਾਨ ਲੋਕਾਂ ਤੱਕ ਸਪਲਾਈ ਕਰਨ ਲਈ ਇਸ ਮੋਡਿਊਲ ਰਾਹੀਂ ਰਜਿਸਟ੍ਰੇਸ਼ਨ ਕਰ ਸਕਦਾ ਹੈ।

ਉਨਾਂ ਕਿਹਾ ਕਿ ਰਜਿਸਟਰੇਸ਼ਨ ਕਰਨ ਤੋਂ ਪਹਿਲਾਂ ਦੁਕਾਨਦਾਰ ਨੂੰ ਇਹ ਯਕੀਨੀ ਬਣਾਉਣਾ ਪਵੇਗਾ ਕਿ ਕਿਸੇ ਵੀ ਵਸਤੂ ਦਾ ਵੇਚ ਮੁੱਲ ਐਮ.ਆਰ.ਪੀ. ਰੇਟਾਂ ਤੋਂ ਵੱਧ ਨਾ ਹੋਵੇ ਅਤੇ ਦੁਕਾਨਦਾਰ ਕੋਲ ਸਮਾਨ ਘਰ ਪਹੁੰਚਾਉਣ ਦੀ ਆਪਣੇ ਪੱਧਰ 'ਤੇ ਸੁਵਿਧਾ ਹੋਵੇ। ਉਨ੍ਹਾਂ ਦੱਸਿਆ ਅਜਿਹਾ ਨਾ ਹੋਣ 'ਤੇ ਉਸਦੀ ਅਰਜ਼ੀ ਰੱਦ ਹੋ ਸਕਦੀ ਹੈ। ਦੁਕਾਨਦਾਰ ਨੂੰ ਸਭ ਤੋਂ ਪਹਿਲਾਂ ਕੋਵਾ ਐਪ ਡਾਊਨਲੋਡ ਕਰਨੀ ਹੋਵੇਗੀ ਅਤੇ ਰਿਕਵੈਸਟ ਗਰੋਸਰੀ ਟਾਇਪ 'ਤੇ ਕਲਿੱਕ ਕਰਨਾ ਹੋਵੇਗਾ। ਇਸ ਉਪਰੰਤ ਉਹ ਵੈਨਡਰ ਰਜਿਸਟ੍ਰੇਸ਼ਨ 'ਤੇ ਕਲਿੱਕ ਕਰਕੇ ਆਨਰੋਲ ਹੋ ਸਕਦਾ ਹੈ।

ਉਨ੍ਹਾਂ ਦੱਸਿਆ ਕਿ ਰਜਿਸਟ੍ਰੇਸ਼ਨ ਦੀ ਅਰਜੀ ਦੇਣ ਲਈ ਜ਼ਿਲ੍ਹੇ ਦਾ ਨਾਮ, ਸ਼ਹਿਰ ਦਾ ਨਾਮ, ਦੁਕਾਨ ਦਾ ਨਾਮ, ਆਪਣਾ ਨਾਮ, ਮੋਬਾਇਲ ਨੰਬਰ ਅਤੇ ਪੂਰਾ ਪਤਾ ਦੱਸਣਾ ਹੋਵੇਗਾ ਅਤੇ ਫਿਰ ਵੇਚਣ ਵਾਲੀਆਂ ਵਸਤਾਂ ਜਿਵੇਂ ਦੁੱਧ ਉਤਪਾਦ, ਫਲ-ਸਬਜ਼ੀਆਂ, ਦਵਾਈਆਂ, ਕਰਿਆਨਾ ਬਾਰੇ ਜਾਣਕਾਰੀ ਦੇਣੀ ਹੋਵੇਗੀ ਤੇ ਆਖਿਰ ਵਿੱਚ ਡਿਲੀਵਰੀ ਕਰਤਾ ਬਾਰੇ ਜਾਣਕਾਰੀ ਦੇਣੀ ਹੋਵੇਗੀ। ਉਪਰੰਤ ਇਹ ਰਜਿਸਟ੍ਰੇਸ਼ਨ ਅਰਜੀ ਜ਼ਿਲ੍ਹੇ ਦੇ ਡਿਪਟੀ ਕਮਿਸ਼ਨਰ ਦਫ਼ਤਰ ਵਿੱਚ ਆਨਲਾਈਨ ਚਲੀ ਜਾਵੇਗੀ। ਜੇਕਰ ਇਹ ਅਰਜੀ ਮਨਜੂਰ ਹੋ ਜਾਂਦੀ ਹੈ ਤਾਂ ਸਬੰਧਤ ਦੁਕਾਨਦਾਰ ਦੇ ਮੋਬਾਇਲ ’ਤੇ ਇੱਕ ਆਈ.ਡੀ. ਤੇ ਪਾਸਵਰਡ ਭੇਜ ਦਿੱਤਾ ਜਾਵੇਗਾ। ਉਨ੍ਹਾਂ ਦੱਸਿਆ ਕਿ ਇਹ ਆਈ.ਡੀ. ਪਾਸਵਰਡ ਵਰਤ ਕੇ ਦੁਕਾਨਦਾਰ ਦੁਕਾਨ ਦੇ ਸਟਾਕ ਅਤੇ ਉਨ੍ਹਾਂ ਦੀ ਵਿਕਰੀ ਨੂੰ ਅਪਡੇਟ ਕਰ ਸਕਦਾ ਹੈ।

ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਨਾਗਰਿਕਾਂ ਵੱਲੋਂ ਕੀਤੇ ਗਏ ਆਰਡਰ ਦੁਕਾਨਦਾਰ ਆਪਣੀ ਲਾਗਿਨ ਆਈ. ਡੀ. ਵਿੱਚ ਦੇਖ ਸਕਦਾ ਹੈ ਅਤੇ ਨਾਗਰਿਕ ਵੱਲੋਂ ਦਿੱਤੇ ਗਏ ਪਤੇ ’ਤੇ ਇਹ ਆਰਡਰ ਪੰਹੁਚਾਉਣੇ ਹੋਣਗੇ। ਦੁਕਾਨਦਾਰ ਆਪਣੇ ਆਰਡਰ ਦੀ ਕੀਮਤ ਸਮਾਨ ਪਹੁੰਚਾਉਣ ’ਤੇ ਵਸੂਲ ਪਾਏਗਾ। ਜੇਕਰ ਜ਼ਿਲ੍ਹਾ ਪ੍ਰਸ਼ਾਸ਼ਨ ਨੂੰ ਕੋਈ ਸ਼ਿਕਾਇਤ ਮਿਲਦੀ ਹੈ, ਤਾਂ ਕਿਸੇ ਵੀ ਸਮੇਂ ਕਿਸੇ ਵੀ ਦੁਕਾਨਦਾਰ ਦੀ ਰਜਿਸਟ੍ਰੇਸ਼ਨ ਨੂੰ ਰੱਦ ਕੀਤਾ ਜਾ ਸਕਦਾ ਹੈ।

=============

ਦਫ਼ਤਰ ਜ਼ਿਲ੍ਹਾ ਲੋਕ ਸੰਪਰਕ ਅਫ਼ਸਰ, ਅੰਮ੍ਰਿਤਸਰ।

## ਸਰਬੱਤ ਸਿਹਤ ਬੀਮਾ ਯੋਜਨਾ ਦੀ ਬਾਇਓਮੈਟ੍ਰਿਕ ਤਸਦੀਕ ਤੋਂ ਛੋਟ -ਸਿਵਲ ਸਰਜਨ

## -ਜਣੇਪਿਆਂ ਦੇ ਨਿਰਧਾਰਤ ਹੈਲਥ ਪੈਕੇਜ ਅਧੀਨ ਕੀਤੇ ਜਾਂਦੇ ਇਲਾਜ ਨੂੰ ਕੀਤਾ ਰਾਖਵੇਂਕਰਨ ਦੇ ਦਾਇਰੇ ਤੋਂ ਬਾਹਰ

**ਅੰਮ੍ਰਿਤਸਰ, 1 ਅਪ੍ਰੈਲ (** ): ਸਿਵਲ ਸਰਜਨ ਡਾ. ਪ੍ਰਭਦੀਪ ਕੌਰ ਜੌਹਲ ਨੇ ਦੱਸਿਆ ਕਿ ਸਿਹਤ ਮੰਤਰੀ ਸ੍ਰੀ ਬਲਵੀਰ ਸਿੰਘ ਸਿੱਧੂ ਦੇ ਆਦੇਸ਼ਾਂ ਅਨੁਸਾਰ ਰਾਜ ਦੀ ਸਿਹਤ ਏਜੰਸੀ ਨੇ ਗਰਭਵਤੀ ਔਰਤਾਂ ਦੀ ਸੁਰੱਖਿਆ ਲਈ ਸਾਧਾਰਣ, ਸੀਜ਼ੇਰੀਅਨ ਅਤੇ ਉੱਚ ਜੋਖ਼ਿਮ ਵਾਲੇ ਜਣੇਪਿਆਂ ਦੇ ਨਿਰਧਾਰਤ ਹੈਲਥ ਪੈਕੇਜ ਅਧੀਨ ਕੀਤੇ ਜਾਂਦੇ ਇਲਾਜ ਨੂੰ ਰਾਖਵੇਂਕਰਨ ਦੇ ਦਾਇਰੇ ਤੋਂ ਬਾਹਰ (ਡੀ-ਰਿਜਰਵ) ਕਰ ਦਿੱਤਾ ਹੈ। ਉਨਾਂ ਦੱਸਿਆ ਕਿ ਗਰਭਵਤੀ ਔਰਤਾਂ ਦੀ ਸੁਰੱਖਿਆ ਲਈ ਇਲਾਜ ਦੀ ਇਹ ਸੁਵਿਧਾ ਹੁਣ ਆਯੁਸ਼ਮਾਨ ਭਾਰਤ ਸਰਬੱਤ ਸਿਹਤ ਬੀਮਾ ਯੋਜਨਾ ਅਧੀਨ ਸੂਚੀਬੱਧ ਪ੍ਰਾਈਵੇਟ ਹਸਪਤਾਲ ਤੋਂ ਲਈ ਜਾ ਸਕਦੀ ਹੈ, ਜਿਸ ਲਈ ਸਰਕਾਰੀ ਹਸਪਤਾਲ ਕੋਈ ਰੈਫਰਲ ਪ੍ਰਾਪਤ ਕਰਨ ਦੀ ਲੋੜ ਨਹੀਂ ਹੈ। ਉਨ੍ਹਾਂ ਦੱਸਿਆ ਕਿ ਲਾਭਪਾਤਰੀ ਉਕਤ ਇਲਾਜ ਲਈ ਕਿਸੇ ਵੀ ਸੂਚੀਬੱਧ ਪ੍ਰਾਈਵੇਟ ਹਸਪਤਾਲ ਵਿੱਚ ਜਾ ਸਕਦੇ ਹਨ। ਉਨ੍ਹਾਂ ਦੱਸਿਆ ਕਿ ਇਹ ਫੈਸਲੇ ਕੈਪਟਨ ਅਮਰਿੰਦਰ ਸਿੰਘ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਲੋਕ ਹਿੱਤ ਵਿੱਚ ਲਏ ਗਏ ਹਨ ਅਤੇ ਅਗਲੇ ਹੁਕਮਾਂ ਤੱਕ ਲਾਗੂ ਰਹਿਣਗੇ।

ਸਿਵਲ ਸਰਜਨ ਨੇ ਦੱਸਿਆ ਕਿ ਨੋਵਲ ਕੋਰੋਨਾ ਵਾਇਰਸ ਦੀ ਮਹਾਂਮਾਰੀ ਦੇ ਮੱਦੇਨਜ਼ਰ ਪੰਜਾਬ ਸਰਕਾਰ ਨੇ ਸਰਬੱਤ ਸਿਹਤ ਬੀਮਾ ਯੋਜਨਾ ਅਧੀਨ ਆਉਂਦੇ ਸੂਚੀਬੱਧ ਹਸਪਤਾਲਾਂ ਵਿੱਚ ਇਲਾਜ ਕਰਵਾਉਣ ਤੋਂ ਪਹਿਲਾਂ ਮਰੀਜ਼ਾਂ ਦੀ ਬਾਇਓਮੈਟ੍ਰਿਕ ਤਸਦੀਕ ਦੀ ਪ੍ਰਕਿਰਿਆ ਤੋਂ ਛੋਟ ਦੇਣ ਦੇ ਨਿਰਦੇਸ਼ ਦਿੱਤੇ ਹਨ। ਉਨ੍ਹਾਂ ਦੱਸਿਆ ਕਿ ਸਰਬੱਤ ਸਿਹਤ ਬੀਮਾ ਯੋਜਨਾ ਅਧੀਨ ਯੋਗ ਮਰੀਜ਼ਾਂ ਦੀ ਸੁਰੱਖਿਆ ਨੂੰ ਧਿਆਨ ਵਿੱਚ ਰੱਖਦਿਆਂ ਮਰੀਜ਼ ਦੇ ਹਸਪਤਾਲ ਵਿੱਚ ਦਾਖਲ ਜਾਂ ਡਿਸਚਾਰਜ ਹੋਣ ਸਮੇਂ ਉਸਦੀ ਬਾਇਓਮੀਟ੍ਰਿਕ ਤਸਦੀਕ ਕਰਨ ਦੀ ਪ੍ਰਕਿਰਿਆ ਤੋਂ ਆਰਜੀ ਤੌਰ 'ਤੇ ਛੋਟ ਦਿੱਤੀ ਗਈ ਹੈ।

ਉਨਾਂ ਦੱਸਿਆ ਕਿ ਇਸ ਯੋਜਨਾ ਅਧੀਨ ਮਰੀਜ਼ਾਂ ਦੀ ਰਜਿਸਟ੍ਰੇਸ਼ਨ ਹੁਣ ਸਿਰਫ਼ ਈ-ਕਾਰਡ ਨੰਬਰ ਦੇ ਅਧਾਰ 'ਤੇ ਕੀਤੀ ਜਾਵੇਗੀ ਅਤੇ ਸਾਰੇ ਸੂਚੀਬੱਧ ਹਸਪਤਾਲਾਂ ਨੂੰ ਇਸ ਫੈਸਲੇ ਬਾਰੇ ਜਾਣੂ ਕਰਵਾ ਦਿੱਤਾ ਗਿਆ ਹੈ।

===============

**ਦਫ਼ਤਰ ਜ਼ਿਲ੍ਹਾ ਲੋਕ ਸੰਪਰਕ ਅਫ਼ਸਰ, ਅੰਮ੍ਰਿਤਸਰ।**

## ਵਾਈਰਸ ਦੇ ਵਿਸਥਾਰ ਨੂੰ ਰੋਕਣ ਲਈ ਹਦਾਇਤਾਂ ਦੀ ਪਾਲਣਾ ਕਰਨ ਲੋਕ-ਡਿਪਟੀ ਕਮਿਸ਼ਨਰ

## -ਪਰਿਵਾਰ ਦੇ ਇਕ ਮੈਂਬਰ ਦੀ ਗਲਤੀ ਪੈ ਸਕਦੀ ਹੈ ਸਾਰੇ ਟੱਬਰ ਉਤੇ ਭਾਰੂ

## -ਘਰ, ਰਸੋਈ ਤੇ ਹੱਥਾਂ ਦੀ ਸਫਾਈ ਦਾ ਖਾਸ ਖਿਆਲ ਰੱਖੋ-ਸਿਵਲ ਸਰਜਨ

ਅੰਮ੍ਰਿਤਸਰ, 1 ਅਪ੍ਰੈਲ ( )-ਕਰੋਨਾ ਵਾਇਰਸ ਦੇ ਫੈਲਾਅ ਨੂੰ ਰੋਕਣ ਲਈ ਪੰਜਾਬ ਸਰਕਾਰ ਵਲੋਂ ਲਗਾਏ ਗਏ ਕਰਫਿਊ ਦੌਰਾਨ ਸਾਡਾ ਸਾਰਿਆਂ ਦਾ ਫਰਜ ਬਣਦਾ ਹੈ ਕਿ ਅਸੀਂ ਆਪਣੇ ਘਰਾਂ ਅੰਦਰ ਹੀ ਰਹੀਏ ਅਤੇ ਸਿਹਤ ਵਿਭਾਗ ਵੱਲੋਂ ਸਮੇਂ-ਸਮੇਂ 'ਤੇ ਦਿੱਤੀਆਂ ਜਾ ਰਹੀਆਂ ਸਾਵਧਾਨੀਆਂ ਦੀ ਪਾਲਣਾ ਕਰੀਏ। ਇਹ ਅਪੀਲ ਕਰਦੇ ਡਿਪਟੀ ਕਮਿਸ਼ਨਰ ਸ. ਸ਼ਿਵਦੁਲਾਰ ਸਿੰਘ ਢਿਲੋਂ ਨੇ ਦੱਸਿਆ ਕਿ ਅਸੀਂ ਹਰ ਸੰਭਵ ਕੋਸ਼ਿਸ਼ ਕੀਤੀ ਹੈ ਕਿ ਲੋਕ ਨੂੰ ਘਰਾਂ ਤੋਂ ਬਾਹਰ ਨਿੱਤ ਵਰਤੋਂ ਦੀਆਂ ਚੀਜਾਂ ਲੈਣ ਲਈ ਨਾ ਨਿਕਲਣਾ ਪਵੇ। ਇਸ ਤੋਂ ਇਲਾਵਾ ਲੋਕਾਂ ਨੂੰ ਘਰਾਂ ਵਿਚ ਰਹਿਣ ਦੀ ਅਪੀਲ ਵੀ ਗੱਡੀਆਂ ਉਤੇ ਸਪੀਕਰ ਲਗਾ ਕੇ ਕੀਤੀ ਜਾ ਰਹੀ ਹੈ। ਉਨਾਂ ਕਿਹਾ ਕਿ ਬਾਹਰ ਫਿਰਦੇ ਵਕਤ ਕੋਰੋਨਾ ਦੀ ਗ੍ਰਿਫਤ ਵਿਚ ਆਇਆ ਕੋਈ ਵੀ ਵਿਅਕਤੀ ਤਹਾਨੂੰ ਵਾਇਰਸ ਦੇ ਸਕਦਾ ਹੈ ਅਤੇ ਪਰਿਵਾਰ ਦੇ ਇਕ ਮੈਂਬਰ ਵੱਲੋਂ ਬਾਹਰ ਘੁੰਮਣ ਦੀ ਕੀਤੀ ਹੋਈ ਗਲਤੀ ਸਾਰੇ ਟੱਬਰ ਨੂੰ ਕੋਰੋਨਾ ਦਾ ਮਰੀਜ਼ ਬਣਾ ਸਕਦੀ ਹੈ, ਕਿਉਂਕਿ ਇਹ ਵਾਇਰਸ ਬਹੁਤ ਤੇਜ਼ੀ ਨਾਲ ਅੱਗੇ ਫੈਲਦਾ ਹੈ।

ਇਸ ਮੌਕੇ ਸਿਵਲ ਸਰਜਨ ਡਾ. ਪ੍ਰਭਦੀਪ ਕੌਰ ਜੌਹਲ ਨੇ ਵੀ ਅਪੀਲ ਕੀਤੀ ਕਿ ਜੇਕਰ ਕਿਸੇ ਵਿਅਕਤੀ ਨੂੰ ਖੰਘ, ਜੁਕਾਮ, ਬੁਖਾਰ ਹੈ ਤਾਂ ਉਹ ਆਪਣੇ ਪਰਿਵਾਰਿਕ ਮੈਂਬਰਾਂ ਤੋਂ ਵੀ ਘੱਟੋ-ਘੱਟ 1 ਮੀਟਰ ਦੀ ਦੂਰੀ ਬਣਾ ਕੇ ਰੱਖੋ, ਖੰਘਦੇ ਤੇ ਛਿੱਕਦੇ ਸਮੇਂ ਆਪਣਾ ਮੂੰਹ ਨੂੰ ਰੁਮਾਲ ਜਾਂ ਟਿਸ਼ੂ ਨਾਲ ਢੱਕ ਕੇ ਰੱਖੋ ਅਤੇ ਖੁੱਲੇ ਵਿੱਚ ਨਾ ਥੁੱਕੋ। ਉਨਾਂ ਕਿਹਾ ਕਿ ਸਾਨੂੰ ਸਾਰਿਆਂ ਨੂੰ ਵੀ ਆਪਣੀਆਂ ਅੱਖਾਂ, ਨੱਕ ਅਤੇ ਮੂੰਹ ਨੂੰ ਹੱਥ ਲਗਾਉਣ ਤੋਂ ਪਹਿਲਾਂ ਹੱਥਾਂ ਨੂੰ ਸਾਬਣ ਅਤੇ ਪਾਣੀ ਨਾਲ ਘੱਟੋ-ਘੱਟ 20 ਸੈਕਿੰਡ ਤੱਕ ਧੋਵੋ ਜਾਂ ਅਲਕੋਹਲ ਯੁਕਤ ਹੈਂਡ ਸੈਨੀਟਾਈਜ਼ਰ ਨਾਲ ਸਾਫ਼ ਕਰੋ। ਇਸ ਤੋਂ ਇਲਾਵਾ ਘਰਾਂ ਵਿੱਚ ਸਾਫ਼-ਸਫਾਈ ਦਾ ਖ਼ਾਸ ਧਿਆਨ ਰੱਖਿਆ ਜਾਵੇ।

ਉਨਾਂ ਕਿਹਾ ਕਿ ਛੋਟੇ ਬੱਚੇ ਅਤੇ ਬਜ਼ੁਰਗ ਵਿਅਕਤੀ, ਸਰੀਰਕ ਤੌਰ 'ਤੇ ਕਮਜ਼ੋਰ ਵਿਅਕਤੀ ਜਾਂ ਬਲੱਡ ਪ੍ਰੈਸ਼ਰ, ਸ਼ੂਗਰ ਜਾਂ ਹੋਰ ਕਿਸੇ ਬਿਮਾਰੀ ਤੋਂ ਪੀੜਤ ਵਿਅਕਤੀ ਆਪਣੇ ਬਚਾਅ ਲਈ ਖ਼ਾਸ ਧਿਆਨ ਰੱਖਣ। ਜੇਕਰ ਖਾਂਸੀ, ਬੁਖਾਰ ਜਾਂ ਸਾਹ ਲੈਣ ਵਿੱਚ ਤਕਲੀਫ ਹੈ ਤਾਂ ਤੁਰੰਤ ਡਾਕਟਰ ਦੀ ਸਲਾਹ ਲਵੋ। ਉਨਾਂ ਕਿਹਾ ਕਿ ਘਰ ਵਿੱਚ ਆਉਂਦੇ ਦੁੱਧ ਦੇ ਪੈਕਟ ਜਾਂ ਭਾਂਡੇ ਨੂੰ ਵਰਤਣ ਤੋਂ ਪਹਿਲਾਂ, ਕੂੜੇਦਾਨ, ਭਾਂਡੇ, ਦਰਵਾਜੇ ਦੀ ਘੰਟੀ, ਬਜ਼ਾਰੋਂ ਲਿਆਂਦੀਆਂ ਸਬਜੀਆਂ ਤੇ ਫ਼ਲ, ਦਰਵਾਜ਼ੇ ਦੀਆਂ ਚਿਟਕਣੀਆਂ, ਬੂਟ ਤੇ ਚੱਪਲਾਂ ਆਦਿ ਨੂੰ ਸਮੇਂ-ਸਮੇਂ ਉਤੇ ਸੈਨੀਟਾਈਜ਼ ਕੀਤਾ ਜਾਵੇ। ਉਨਾਂ ਕਿਹਾ ਕਿ ਰਸੋਈ ਵਿੱਚ ਜਾਣ ਤੋਂ ਪਹਿਲਾਂ ਅਤੇ ਖਾਣਾ ਖਾਣ ਤੋਂ ਪਹਿਲਾਂ ਹੱਥ ਸਾਬਣ ਅਤੇ ਪਾਣੀ ਨਾਲ 20 ਸੈਕਿੰਡ ਤੱਕ ਧੋਵੋ। ਇਸ ਤੋਂ ਇਲਾਵਾ ਰਸੋਈ ਵਿੱਚ ਵਰਤੇ ਜਾਣ ਵਾਲਾ ਚੁੱਲਾ, ਸਲੈਬਾਂ ਅਤੇ ਹੋਰ ਸਮਾਨ ਨੂੰ ਸੈਨੀਟਾਇਜ਼ ਕਰੋ। ਘਰ ਦੀ ਫਰਸ਼ ਨੂੰ ਵੀ ਫਿਨਾਈਲ ਨਾਲ ਰੋਜਾਨਾ ਸਾਫ਼ ਕਰੋ।

============

**ਦਫ਼ਤਰ ਜ਼ਿਲ੍ਹਾ ਲੋਕ ਸੰਪਰਕ ਅਫ਼ਸਰ, ਅੰਮ੍ਰਿਤਸਰ।**

## ਰਾਤ ਨੂੰ ਸਿਹਤ ਐਮਰਜੈਂਸੀ ਮੌਕੇ ਸਰਪੰਚ ਜਾਰੀ ਕਰ ਸਕਦੇ ਹਨ ਕਰਫਿਊ ਪਾਸ: ਡਿਪਟੀ ਕਮਿਸ਼ਨਰ

**ਅੰਮ੍ਰਿਤਸਰ, 1 ਅਪ੍ਰੈਲ (** ): ਪੰਜਾਬ ਸਰਕਾਰ ਨੇ ਸੂਬੇ ਵਿਚ ਕਰਫਿਊ ਦੇ ਚੱਲਦਿਆਂ, ਪੇਂਡੂ ਖੇਤਰਾਂ ਵਿੱਚ ਰਾਹਤ ਕਾਰਜਾਂ 'ਚ ਤੇਜ਼ੀ ਲਿਆਉਣ ਲਈ ਸਰਪੰਚਾਂ ਨੂੰ ਐਮਰਜੈਂਸੀ ਹਾਲਤ ਵਿੱਚ ਰਾਤ ਵੇਲੇ (ਸ਼ਾਮ 7 ਵਜੇ ਤੋਂ ਸਵੇਰੇ 6 ਵਜੇ ਤੱਕ) ਲੋਕਾਂ ਦੇ ਕਰਫਿਊ ਪਾਸ ਜਾਰੀ ਕਰਨ ਲਈ ਅਧਿਕਾਰਤ ਕੀਤਾ ਹੈ।

ਡਿਪਟੀ ਕਮਿਸ਼ਨਰ ਸ. ਸ਼ਿਵਦੁਲਾਰ ਸਿੰਘ ਢਿਲੋਂ ਨੇ ਪੰਜਾਬ ਦੇ ਵਧੀਕ ਮੁੱਖ ਸਕੱਤਰ ਸ੍ਰੀ ਸਤੀਸ਼ ਚੰਦਰਾ ਵੱਲੋਂ ਪ੍ਰਾਪਤ ਪੱਤਰ ਦਾ ਹਵਾਲਾ ਦਿੰਦਿਆਂ ਦੱਸਿਆ ਕਿ ਕਰਫਿਊ ਪਾਸ ਲਈ ਵਿਅਕਤੀ ਨੂੰ ਆਪਣੇ ਨਾਲ ਫੋਟੋ ਸ਼ਨਾਖ਼ਤੀ ਕਾਰਡ ਜਾਂ ਆਧਾਰ ਕਾਰਡ ਨਾਲ ਰੱਖਣਾ ਹੋਵੇਗਾ। ਮਰੀਜ਼ ਦੇ ਨਾਲ ਇੱਕ ਹੋਰ ਸਾਥੀ ਵੀ ਜਾ ਸਕੇਗਾ। ਇਸ ਪਾਸ ਨਾਲ ਵਿਅਕਤੀ ਨਿਰਧਾਰਤ ਸਥਾਨ ਤੋਂ ਉਕਤ ਸਥਾਨ ਤੱਕ ਹੀ ਜਾ ਸਕੇਗਾ, ਜੋ ਕਿ ਉਸਨੇ ਕਰਫਿਊ ਪਾਸ ਵਿਚ ਦਰਸਾਇਆ ਹੈ। ਇਹ ਪਾਸ ਉਸੇ ਰਾਤ ਲਈ ਹੀ ਵਰਤਿਆ ਜਾ ਸਕੇਗਾ, ਜਦਕਿ ਦਿਨ ਵੇਲੇ ਇਹ ਪਾਸ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਜਾਰੀ ਕੀਤਾ ਜਾਵੇਗਾ। ਉਨਾਂ ਸਪੱਸ਼ਟ ਕੀਤਾ ਕਿ ਕਿਸੇ ਵੀ ਤਰਾਂ ਪਾਸ ਦੀ ਦੁਰਵਰਤੋਂ ਕਰਨ ਤੇ ਸਬੰਧਤ ਖਿਲਾਫ਼ ਕਾਰਵਾਈ ਅਮਲ ਵਿਚ ਲਿਆਂਦੀ ਜਾਵੇਗੀ।

===========

**ਦਫ਼ਤਰ ਜ਼ਿਲ੍ਹਾ ਲੋਕ ਸੰਪਰਕ ਅਫ਼ਸਰ, ਅੰਮ੍ਰਿਤਸਰ।**

## ਜ਼ਿਲ੍ਹੇ ਅੰਦਰ ਪੈਂਦੀਆਂ ਨਗਰ ਕੌਂਸਲਾਂ ਵਿਚ ਕੀਤਾ ਜਾ ਰਿਹੈ ਸੋਡੀਅਮ ਹਾਈਪੋਕਲੋਰਾਈਡ ਦਾ ਛਿੜਕਾਅ- ਰਜਤ ਉਬਰਾਏ

## -ਲੋਕਾਂ ਨੂੰ ਘਰਾਂ ਵਿੱਚ ਰਹਿ ਕੇ ਸਰਕਾਰ ਦੇ ਸਹਿਯੋਗ ਦੀ ਕੀਤੀ ਅਪੀਲ

**ਅੰਮ੍ਰਿਤਸਰ, 1 ਅਪ੍ਰੈਲ (** ) : ਪੰਜਾਬ ਸਰਕਾਰ ਦੀਆਂ ਹਦਾਇਤਾਂ ਮੁਤਾਬਿਕ ਸੂਬੇ ਦੇ ਵਸਨੀਕਾਂ ਨੂੰ ਕੋਰੋਨਾ ਵਾਇਰਸ ਦੀ ਬਿਮਾਰੀ ਤੋਂ ਬਚਾਈ ਰੱਖਣ ਲਈ ਲਗਾਤਾਰ ਸੈਨੇਟਾਈਜ਼ਰ ਛਿੜਕਾਅ ਕੀਤਾ ਜਾ ਰਿਹਾ ਹੈ। ਅੰਮ੍ਰਿਤਸਰ ਸ਼ਹਿਰ ਦੇ ਨਾਲ-ਨਾਲ ਜਿਲ੍ਹੇ ਦੀਆਂ ਸਾਰੀਆਂ ਨਗਰ ਕੌਂਸਲਾਂ ਅਤੇ ਪਿੰਡਾਂ ਵਿਚ ਵੀ ਸੋਡੀਅਮ ਹਾਈਪੋ ਕਲੋਰਾਈਡ ਦੀ ਸਪਰੇਅ ਕਰਵਾਈ ਜਾ ਰਹੀ ਹੈ, ਤਾਂ ਕਿ ਵਾਇਰਸ ਦੇ ਫੈਲਾਅ ਨੂੰ ਰੋਕਿਆ ਜਾ ਸਕੇ। ਇਨ੍ਹਾਂ ਗੱਲਾਂ ਦਾ ਪ੍ਰਗਟਾਵਾ ਕਰਦੇ ਡਿਪਟੀ ਕਮਿਸ਼ਨਰ ਸ. ਸ਼ਿਵਦੁਲਾਰ ਸਿੰਘ ਢਿਲੋਂ ਨੇ ਦੱਸਿਆ ਕਿ ਸਰਕਾਰ ਵੱਲੋਂ ਆਪਣੇ ਨਾਗਰਿਕਾਂ ਨੂੰ ਵਾਇਰਸ ਤੋਂ ਬਚਾਉਣ ਲਈ ਹਰ ਹੀਲਾ ਵਰਤਿਆ ਜਾ ਰਿਹਾ ਹੈ, ਪਰ ਸਾਨੂੰ ਤੁਹਾਡੇ ਸਹਿਯੋਗ ਦੀ ਲੋੜ ਹੈ।

ਇਸ ਮੌਕੇ ਡਿਪਟੀ ਡਾਇਰੈਕਟਰ ਸਥਾਨਕ ਸਰਕਾਰਾਂ ਵਿਭਾਗ ਸ੍ਰੀ ਰਜਤ ਉਬਰਾਏ ਨੇ ਦੱਸਿਆ ਕਿ ਅੰਮ੍ਰਿਤਸਰ ਜ਼ਿਲੇ ਦੀਆਂ ਨਗਰ ਕੌਂਸਲਾਂ, ਜਿਸ ਵਿਚ ਅਜਨਾਲਾ, ਰਾਜਾਸਾਂਸੀ, ਜੰਡਿਆਲਾ ਗੁਰੂ, ਰਮਦਾਸ, ਰਈਆ ਅਤੇ ਮਜੀਠਾ ਸ਼ਾਮਿਲ ਹਨ, ਵਿਚ ਹਾਈਪੋ ਕਲੋਰਾਈਡ ਦੀ ਸਪਰੇਅ ਲਗਾਤਾਰ ਕਰਵਾਈ ਜਾ ਰਹੀ ਹੈ। ਇਸ ਤੋਂ ਇਲਾਵਾ ਕੰਮ ਵਿਚ ਲੱਗੇ ਸਫਾਈ ਸੇਵਕਾਂ ਨੂੰ ਮਾਸਕ, ਦਸਤਾਨੇ, ਸਾਬੁਣ ਆਦਿ ਮਹੁੱਈਆ ਕਰਵਾਏ ਗਏ ਹਨ, ਤਾਂ ਕਿ ਉਹ ਸਾਫ਼-ਸਫਾਈ ਕਰਨ ਮੌਕੇ ਆਪਣੀ ਖ਼ੁਦ ਦੀ ਸੁਰੱਖਿਆ ਨੂੰ ਵੀ ਯਕੀਨੀ ਬਣਾ ਸਕਣ।

ਉਨ੍ਹਾਂ ਦੱਸਿਆ ਕਿ ਵਿਭਾਗ ਵੱਲੋਂ ਲਗਾਤਾਰ ਮੁਨਾਦੀ ਕਰਕੇ ਲੋਕਾਂ ਨੂੰ ਕੋਰੋਨਾ ਵਾਇਰਸ ਦੇ ਲੱਛਣਾ ਅਤੇ ਬਚਾਅ ਸਬੰਧੀ ਜਾਗਰੂਕ ਕੀਤਾ ਜਾ ਰਿਹਾ ਹੈ ਅਤੇ ਇਸ ਤੋਂ ਇਲਾਵਾ ਲੋਕਾਂ ਨੂੰ ਘਰਾਂ ਵਿੱਚ ਰਹਿਣ ਦੀ ਅਪੀਲ ਵੀ ਕੀਤੀ ਜਾ ਰਹੀ ਹੈ। ਉਨ੍ਹਾਂ ਕਿਹਾ ਕਿ ਸਰਕਾਰ ਵੱਲੋਂ ਕੀਤੇ ਜਾ ਰਹੇ ਉਪਰਾਲੇ ਦਾ ਫਾਇਦਾ ਤਾਂ ਹੀ ਹੈ ਜੇਕਰ ਲੋਕ ਆਪਣੇ-ਆਪਣੇ ਘਰਾਂ ਵਿੱਚ ਹੀ ਰਹਿਣ, ਤਾਂ ਜੋ ਇਹ ਬਿਮਾਰੀ ਇੱਕ ਵਿਅਕਤੀ ਤੋਂ ਦੂਜੇ ਵਿਅਕਤੀ ਵਿੱਚ ਨਾ ਫੈਲ ਸਕੇ। ਉਨ੍ਹਾਂ ਨਾਲ ਹੀ ਲੋਕਾਂ ਨੂੰ ਅਪੀਲ ਕੀਤੀ ਕਿ ਜੋ ਵੀ ਰੇਹੜੀਆਂ ਕੂੜਾ ਲੈਣ ਲਈ ਆਉਂਦੀਆਂ ਹਨ ਉਨ੍ਹਾਂ ਨੂੰ ਗਿੱਲਾ ਅਤੇ ਸੁੱਕਾ ਕੂੜਾ ਅਲੱਗ-ਅਲੱਗ ਕਰਕੇ ਦਿੱਤਾ ਜਾਵੇ।

ਕੈਪਸ਼ਨ

ਜੰਡਿਆਲਾ ਗੁਰੂ ਵਿਚ ਸਪਰੇਅ ਦੇ ਚੱਲ ਰਹੇ ਕੰਮ ਦਾ ਜਾਇਜ਼ਾ ਲੈਂਦੇ ਡਿਪਟੀ ਡਾਇਰੈਕਟਰ ਸਥਾਨਕ ਸਰਕਾਰਾਂ ਸ੍ਰੀ ਰਜਤ ਉਬਰਾਏ।

===========

**ਦਫ਼ਤਰ ਜ਼ਿਲ੍ਹਾ ਲੋਕ ਸੰਪਰਕ ਅਫ਼ਸਰ, ਅੰਮ੍ਰਿਤਸਰ।**

## ਓਟ ਕਲੀਨਿਕ ਅਤੇ ਨਸ਼ਾ ਛਡਾਊ ਕੇਂਦਰਾਂ ਵੱਲੋਂ ਮਰੀਜਾਂ ਨੂੰ ਦੋ ਹਫਤਿਆਂ ਦੀ ਦਵਾਈ ਦਿੱਤੀ ਜਾਣ ਲੱਗੀ-ਸਿਵਲ ਸਰਜਨ

ਅੰਮ੍ਰਿਤਸਰ, 1 ਅਪ੍ਰੈਲ ( )- ਨੋਵੋਲ ਕੋਰੋਨਾਵਾਇਰਸ (ਕੋਵਿਡ-19) ਦੇ ਇਸ ਚੁਣੌਤੀਪੂਰਨ ਸਮੇਂ ਦੌਰਾਨ ਨਸ਼ਿਆਂ ਦੇ ਪੀੜਤ ਮਰੀਜ਼ਾਂ ਲਈ ਵੱਡੀ ਰਾਹਤ ਵਜੋਂ, ਪੰਜਾਬ ਸਰਕਾਰ ਨੇ ਸਾਰੇ ਓਟ (ਓ.ਓ.ਟੀ.) ਕਲੀਨਿਕ ਅਤੇ ਸਰਕਾਰੀ ਨਸ਼ਾ ਛਡਾਊ ਕੇਂਦਰਾਂ ਨੂੰ ਮਾਨਸਿਕ ਰੋਗਾਂ ਦੇ ਡਾਕਟਰ ਦੁਆਰਾ ਮੁਲਾਂਕਣ ਤੋਂ ਬਾਅਦ ਰਜਿਸਟਰਡ ਕੀਤੇ ਮਰੀਜ਼ਾਂ ਨੂੰ ਬੁਪ੍ਰੇਨੋਰਫਾਈਨ + ਨਲੋਕਸੋਨ ਦਵਾਈਆਂ ਦੀ ਦੋ ਹਫਤੇ ਦੀ ਡੋਜ਼ ਘਰ ਲੈ ਜਾਣ ਦੀ ਜੋ ਆਗਿਆ ਦਿੱਤੀ ਹੈ, ਉਸ ਨੂੰ ਜਿਲ੍ਹੇ ਵਿਚ ਲਾਗੂ ਕਰ ਦਿੱਤਾ ਗਿਆ ਹੈ। ਇਸ ਬਾਰੇ ਜਾਣਕਾਰੀ ਦਿੰਦਿਆਂ ਸਿਵਲ ਸਰਜਨ ਡਾ. ਪ੍ਰਭਦੀਪ ਕੌਰ ਜੌਹਲ ਨੇ ਦੱਸਿਆ ਕਿ ਕਰਫਿਊ ਦੇ ਇਸ ਸਮੇਂ ਦੌਰਾਨ, ਸਰਕਾਰ ਨੇ ਨਸ਼ਿਆਂ ਦੀ ਆਦਤ ਤੋਂ ਪੀੜਤ ਮਰੀਜ਼ਾਂ ਦੇ ਇਲਾਜ ਅਤੇ ਦੇਖਭਾਲ ਲਈ ਇਹ ਪਹਿਲ ਕਦਮੀ ਕੀਤੀ ਹੈ, ਤਾਂ ਕਿ ਉਹ ਵਾਇਰਸ ਦੇ ਫੈਲਾਅ ਤੋਂ ਬਚ ਸਕਣ।

ਉਨਾਂ ਦੱਸਿਆ ਕਿ ਨਸ਼ੇ ਦੇ ਮਰੀਜ਼ਾਂ ਵਿਚ ਸਮਾਜਿਕ ਦੂਰੀ ਬਣਾਈ ਰੱਖਣ ਸਬੰਧੀ ਵੀ ਕੇਂਦਰਾਂ ਵਿਚ ਵਿਸ਼ੇਸ਼ ਜ਼ੋਰ ਦਿੱਤਾ ਜਾ ਰਿਹਾ ਹੈ, ਤਾਂ ਜੋ ਕੇਂਦਰਾਂ ਵਿੱਚ ਦਵਾਈਆਂ ਲੈਣ ਦੌਰਾਨ ਮਰੀਜ਼ ਇਕ ਦੂਜੇ ਤੋਂ ਦੂਰੀ ਬਣਾਏ ਰੱਖਣ। ਉਨ੍ਹਾਂ ਕਿਹਾ ਕਿ ਦਵਾਈ ਦੇਣ ਦੌਰਾਨ ਸਮਾਜਕ ਦੂਰੀ ਰੱਖੀ ਜਾ ਰਹੀ ਹੈ ਅਤੇ ਮਰੀਜ਼ਾਂ ਨੂੰ ਇਹ ਵੀ ਸੂਚਿਤ ਕੀਤਾ ਜਾ ਰਿਹਾ ਹੈ ਕਿ ਜਿਆਦਾ ਬੁਖਾਰ, ਖੁਸ਼ਕ ਖੰਘ ਅਤੇ ਸਾਹ ਲੈਣ ਵਿੱਚ ਮੁਸ਼ਕਲ ਹੋਣ ਦੀ ਸਥਿਤੀ ਵਿੱਚ ਉਹਨਾਂ ਨੂੰ ਲਾਜ਼ਮੀ ਤੌਰ ‘ਤੇ ਨਜ਼ਦੀਕੀ ਸਿਹਤ ਕੇਂਦਰ ਨਾਲ ਸੰਪਰਕ ਕਰਨਾ ਚਾਹੀਦਾ ਹੈ।

=============

ਦਫ਼ਤਰ ਜ਼ਿਲਾ ਲੋਕ ਸੰਪਰਕ ਅਫ਼ਸਰ, ਅੰਮ੍ਰਿਤਸਰ।

**ਲੋੜਵੰਦਾਂ ਤੱਕ ਪੰਹੁਚਾਇਆ ਜਾ ਰਿਹਾ ਰਾਸ਼ਨ ਅਤੇ ਫੂਡ ਪੈਕੇਟ-ਡਿਪਟੀ ਕਮਿਸ਼ਨਰ**

**ਸਮਾਜ ਸੇਵੀ ਸੰਸਥਾਵਾਂ ਦੇ ਨਾਲ-ਨਾਲ ਨਿੱਜੀ ਸੰਸਥਾਵਾਂ ਵੀ ਆਈਆਂ ਅੱਗੇ**

**ਲੰਗਰ ਵਰਤਾਉਂਦੇ ਵਕਤ ਆਪਸੀ ਦੂਰੀ ਦਾ ਖਾਸ ਖਿਆਲ ਰੱਖਿਆ ਜਾਵੇ**

ਅੰਮ੍ਰਿਤਸਰ, 1 ਅਪ੍ਰੈਲ ( ) : ਕੋਰੋਨਾ ਵਾਇਰਸ ਤੋਂ ਜ਼ਿਲਾ ਵਾਸੀਆਂ ਨੂੰ ਬਚਾਏ ਰੱਖਣ ਲਈ ਲਗਾਏ ਗਏ ਕਰਫਿਊ ਦੌਰਾਨ ਜ਼ਿਲਾ ਪ੍ਰਸਾਸ਼ਨ ਵੱਲੋਂ ਕੀਤੇ ਜਾ ਰਹੇ ਉਪਰਾਲਿਆਂ ਸਬੰਧੀ ਜਾਣਕਾਰੀ ਦਿੰਦਿਆਂ ਸ: ਸ਼ਿਵਦੁਲਾਰ ਸਿੰਘ ਢਿਲੋਂ ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਪ੍ਰਸ਼ਾਸ਼ਨ ਵੱਲੋਂ ਲੋੜਵੰਦਾਂ ਤੱਕ ਰਾਸ਼ਨ ਅਤੇ ਫੂਡ ਪੈਕਟ ਵੰਡੇ ਜਾ ਰਹੇ ਹਨ ਅਤੇ ਖਾਸ ਤੌਰ ਉਤੇ ਉਨਾਂ ਬਸਤੀਆਂ ਜਿੰਨਾ ਵਿਚ ਜ਼ਿਆਦਾਤਰ ਦਿਹਾੜੀਦਾਰ ਮਜ਼ਦੂਰ ਜਾਂ ਪ੍ਰਵਾਸੀ ਮਜ਼ਦੂਰ ਰਹਿੰਦੇ ਹਨ, ਵਿਚ ਪਹੁੰਚ ਨੂੰ ਯਕੀਨੀ ਬਣਾਇਆ ਜਾ ਰਿਹਾ ਹੈ।

ਉਨਾਂ ਦੱਸਿਆ ਕਿ ਇਸ ਕੰਮ ਲਈ ਲੋੜਵੰਦ ਪਰਿਵਾਰਾਂ ਅਤੇ ਵਿਅਕਤੀਆਂ ਦੀ ਸੂਚੀ ਪ੍ਰਸ਼ਾਸ਼ਨ ਵਲੋ ਪਹਿਲਾਂ ਤਿਆਰ ਕੀਤੀ ਜਾਂਦੀ ਹੈ ਅਤੇ ਉਸ ਅਨੁਸਾਰ ਲੋੜਵੰਦਾ ਤੱਕ ਰਾਸ਼ਨ ਪਹੁੰਚਾਇਆ ਜਾ ਰਿਹਾ ਹੈ। ਉਨਾਂ ਦੱਸਿਆ ਕਿ ਕਈ ਲੋਕ ਸੈਕਟਰ ਅਧਿਕਾਰੀ ਦੇ ਫੋਨ ਜਾਂ ਕੰਟਰੋਲ ਰੂਮ ਉਤੇ ਮਦਦ ਦੀ ਅਪੀਲ ਵੀ ਕਰਦੇ ਹਨ, ਜਿੰਨਾ ਨੂੰ ਤਰਜੀਹ ਅਧਾਰ ਉਤੇ ਰਾਸ਼ਨ ਭੇਜਿਆ ਜਾ ਰਿਹਾ ਹੈ। ਸ: ਢਿਲੋ ਨੇ ਦੱਸਿਆ ਕਿ ਪ੍ਰਸ਼ਾਸਨ ਦੇ ਨਾਲ-ਨਾਲ ਧਾਰਮਿਕ ਅਤੇ ਸਮਾਜ ਸੇਵੀ ਸੰਸਥਾਵਾਂ ਅਤੇ ਨਿਜੀ ਸੰਸਥਾਵਾਂ ਵੀ ਲੋੜਵੰਦਾਂ ਦੀ ਮਦਦ ਲਈ ਅੱਗੇ ਆ ਰਹੀਆਂ ਹਨ, ਜੋ ਕਿ ਇਕ ਚੰਗਾ ਉਦਮ ਹੈ, ਪਰ ਨਾਲ ਹੀ ਉਨਾ ਸਾਰੀਆਂ ਸੰਸਥਾਵਾਂ ਨੂੰ ਅਪੀਲ ਕਰਦੇ ਕਿਹਾ ਕਿ ਲੰਗਰ ਜਾਂ ਰਾਸ਼ਨ ਵਰਤਾਉਂਦੇ ਵਕਤ ਆਪਸੀ ਦੂਰੀ ਦਾ ਸਾਵਧਾਨੀ ਨਾਲ ਪਾਲਣ ਕੀਤਾ ਜਾਵੇ। ਕੋਸ਼ਿਸ਼ ਇਹ ਕੀਤੀ ਜਾਵੇ ਕਿ ਲੋਕਾਂ ਦੇ ਘਰ ਜਾ ਕੇ ਸੁੱਕਾ ਰਾਸ਼ਨ ਦਿੱਤਾ ਜਾਵੇ, ਨਾ ਕਿ ਸੜਕ ਕਿਨਾਰੇ ਭੀੜ ਲਗਾ ਕੇ ਵੰਡਣ ਦੀ ਕੋਸ਼ਿਸ਼ ਕੀਤੀ ਜਾਵੇ, ਕਿਉਂਕਿ ਇਸ ਨਾਲ ਭੀੜ ਪੈਣ ਦਾ ਖਦਸ਼ਾ ਬਣਿਆ ਰਹਿੰਦਾ ਹੈ। ਸ. ਢਿਲੋਂ ਨੇ ਕਿਹਾ ਕਿ ਇਹ ਨਿੱਕੀਆਂ—ਨਿੱਕੀਆਂ ਕੋਸ਼ਿਸ਼ਾਂ ਨਾਲ ਅਸੀਂ ਸਾਰੇ ਆਪਣੇ ਆਪ ਨੂੰ ਸੁਰੱਖਿਅਤ ਰੱਖ ਸਕਦੇ ਹਾਂ।

==============

ਦਫ਼ਤਰ ਜ਼ਿਲ੍ਹਾ ਲੋਕ ਸੰਪਰਕ ਅਫ਼ਸਰ, ਅੰਮ੍ਰਿਤਸਰ।

## ਗਲੋਬਲ ਮੈਡੀਕਲ ਐਮਰਜੈਸੀ ਨਾਲ ਨਜਿੱਠਣ ਲਈ ਆਈ.ਐਮ.ਏ. ਤਿਆਰ -ਬਰ-ਤਿਆਰ : ਡਾ.ਸੇਠੀ

## ਸਿਹਤ ਵਿਭਾਗ ਨਾਲ ਮੋਢਾ ਨਾਲ ਮੋਢਾ ਜੋੜ ਕੇ ਖੜੀ ਹੈ ਇੰਡੀਅਨ ਮੈਡੀਕਲ ਐਸੋਸੀਏਸ਼ਨ

ਅੰਮ੍ਰਿਤਸਰ, 1 ਅਪ੍ਰੈਲ ( )-ਡਿਪਟੀ ਕਮਿਸ਼ਨਰ ਸ. ਸ਼ਿਵਦੁਲਾਰ ਸਿੰਘ ਢਿਲੋਂ ਦੀ ਅਪੀਲ ਉਤੇ ਮੌਜੂਦਾ ਸੰਕਟ ਨੂੰ ਵੇਖਦੇ ਸਿਹਤ ਵਿਭਾਗ ਦੀ ਮਦਦ ਉਤੇ ਆਏ ਇੰਡੀਅਨ ਮੈਡੀਕਲ ਐਸੋਸੀਏਸ਼ਨ ਦੇ ਪ੍ਰਧਾਨ ਡਾ. ਰਬਿੰਦਰ ਸਿੰਘ ਸੇਠੀ ਦਾ ਕਹਿਣਾ ਹੈ ਕਿ ਗਲੋਬਲ ਮੈਡੀਕਲ ਐਮਰਜੈਸੀ ਨੂੰ ਧਿਆਨ ਵਿੱਚ ਰੱਖਦਿਆਂ ਆਈ.ਐਮ.ਏ ਅੰਮ੍ਰਿਤਸਰ ਵੱਲੋਂ ਹਰ ਸੰਭਵ ਯਤਨ ਕੀਤੇ ਜਾ ਰਹੇ ਹਨ ਅਤੇ ਅਸੀਂ ਸਿਹਤ ਵਿਭਾਗ ਨਾਲ ਤਨ, ਮਨ ਅਤੇ ਧਨ ਨਾਲ ਸਹਿਯੋਗ ਕਰ ਰਹੇ ਹਾਂ। ਉਨਾਂ ਕਿਹਾ ਕਿ ਇਨ੍ਹਾਂ ਹੀ ਯਤਨਾਂ ਤਹਿਤ ਅੱਜ ਸਿਵਲ ਸਰਜਨ ਅੰਮ੍ਰਿਤਸਰ ਡਾ. ਪ੍ਰਭਦੀਪ ਕੌਰ ਜੌਹਲ ਨੂੰ ਸਿਵਲ ਹਸਪਤਾਲ ਅੰਮ੍ਰਿਤਸਰ ਲਈ ਅਤੇ ਪ੍ਰਿਸੀਪਲ ਡਾ. ਸੁਜਾਤਾ ਸ਼ਰਮਾ ਨੂੰ ਮੈਡੀਕਲ ਕਾਲਜ ਅੰਮ੍ਰਿਤਸਰ ਨੂੰ ਕੋਰੋਨਾ ਵਿਰੁੱਧ ਜੰਗ ਲਈ ਲੋੜੀਦਾ ਸਾਜੋ ਸਮਾਨ ਮੁਹੱਈਆ ਕਰਵਾਇਆ ਗਿਆ ਹੈ।

ਉਨਾਂ ਦੱਸਿਆ ਕਿ ਇਸ ਸਮਾਨ ਵਿਚ ਐਨ 95 ਮਾਸਕ, ਪੀ.ਪੀ.ਈ.ਕਿੱਟਾਂ, ਹੈਂਡ ਸੈਨੀਟਾਈਜਰ, ਅਤੇ ਮਾਸਕ ਜੋ ਕਿ ਸ਼੍ਰੀ ਬ੍ਰਿਜ ਕੱਕੜ ਅਤੇ ਸ਼੍ਰੀ ਅਸ਼ੋਕ ਸੇਠੀ ਵੱਲੋਂ ਆਈ.ਐਮ.ਏ ਨੂੰ ਦਿੱਤੇ ਗਏ ਗਏ ਸਨ। ਡਾ. ਸੇਠੀ ਨੇ ਦੱਸਿਆ ਕਿ ਆਈ.ਐਮ.ਏ ਵੱਲੋਂ 361 ਆਈਸੋਲੇਸ਼ਨ ਬੈਡ 155 ਆਈ.ਸੀ.ਯੂ. ਬੈਡ ਅਤੇ 53 ਵੈਂਨਟੀਲੇਟਰ ਕਰੋਨਾ ਦੇ ਮਰੀਜ਼ਾਂ ਲਈ ਰਿਜ਼ਰਵ ਰੱਖੇ ਗਏ ਹਨ।

ਇਸ ਤੋਂ ਇਲਾਵਾ ਐਮਰਜੈਂਸੀ ਹਾਲਾਤਾਂ ਵਿੱਚ ਵੱਖ-ਵੱਖ ਪ੍ਰਾਈਵੇਟ ਹਸਪਤਾਲਾਂ ਵਿੱਚ ਕਰੋਨਾ ਵਾਇਰਸ ਸਬੰਧੀ ਆਈਸੋਲੇਸ਼ਨ ਵਾਰਡਾਂ ਤਿਆਰ ਕੀਤੀਆਂ ਗਈਆਂ ਹਨ। ਸਮੂਹ ਪ੍ਰਾਈਵੇਟ ਹਸਪਤਾਲਾਂ ਵਿੱਚ ਡਾਕਟਰਾਂ ਅਤੇ ਪੈਰਾ-ਮੈਡੀਕਲ ਸਟਾਫ ਦੀ ਟ੍ਰੇਨਿੰਗ ਕੀਤੀ ਜਾ ਰਹੀ ਹੈ। ਇਸ ਤੋਂ ਇਲਾਵਾ ਮਾਲ,ਅਤੇ ਪਬਲਿਕ ਸੰਸਥਾਵਾਂ ਵਿੱਚ ਜਾਗਰੂਕਤਾ ਕੈਂਪ ਲਗਾਏ ਜਾ ਚੁੱਕੇ ਹਨ। ਸਾਰੇ ਨਰਸਿੰਗ ਹੋਮਾਂ ਵਿੱਚ ਜਰੂਰੀ ਐਮਰਜੈਂਸੀ ਸਾਜੋ ਸਮਾਨ ਪੂਰਾ ਕੀਤਾ ਜਾ ਰਿਹਾ ਹੈ।ਸਾਰੇ ਹਸਪਤਾਲਾਂ ਵਿੱਚ ਫਲੂ ਡੈਸਕ ਬਣਾਏ ਗਏ ਹਨ। ਇਸ ਤੋਂ ਇਲਾਵਾ ਵਲੰਟੀਅਰ, (ਸਵੈ ਇੱਛਕ)ਤੋਰ ਤੇ ਸੇਵਾ ਨਿਭਾਉਣ ਵਾਲੇ ਡਾਕਟਰਾਂ ਅਤੇ ਪੈਰਾਮੈਡੀਕਲ ਸਟਾਫ ਦੀ ਇੱਕ ਲਿਸਟ ਤਿਆਰ ਕੀਤੀ ਜਾਵੇਗੀ ਜੋ ਕਿ ਐਮਰਜੈਂਸੀ ਹਾਲਾਤਾਂ ਵਿੱਚ ਲੋਕਾਂ ਦੀ ਸੇਵਾ ਲਈ ਤਿਆਰ ਬਰ ਤਿਆਰ ਰਹੇਗੀ। ਉਹਨਾਂ ਜਾਣਕਾਰੀ ਦਿੰਦਿਆਂ ਦੱਸਿਆ ਕਿ ਕੋਰੋਨਾ ਵਾਇਰਸ ਨੂੰ ਲੈ ਕੇ ਘਬਰਾਉਣ ਦੀ ਕੋਈ ਜਰੂਰਤ ਨਹੀਂ, ਸਿਰਫ ਕੁੱਝ ਸਾਵਧਾਨੀਆਂ ਵਰਤ ਕੇ ਇਸ ਤੋਂ ਬਚਿਆ ਜਾ ਸਕਦਾ ਹੈ। ਇਸ ਮੌਕੇ ਤੇ ਸਿਵਲ ਸਰਜਨ ਡਾ. ਪ੍ਰਭਦੀਪ ਕੌਰ ਜੌਹਲ ਅਤੇ ਪ੍ਰਿੰਸੀਪਲ ਮੈਡੀਕਲ ਕਾਲਜ ਡਾ. ਸੁਜਾਤਾ ਸ਼ਰਮਾ ਵੱਲੋਂ ਆਈ.ਐਮ.ਏ ਦਾ ਧੰਨਵਾਦ ਕੀਤਾ ਗਿਆ।ਇਸ ਅਵਸਰ ਤੇ ਜ਼ਿਲ੍ਹਾ ਟੀਕਾਕਰਨ ਅਫਸਰ, ਡਿਪਟੀ ਮੈਡੀਕਲ ਕਮਿਸ਼ਨਰ ਡਾ. ਅਮਨਦੀਪ ਸਿੰਘ ਐਸ.ਐਮ.ਓ ਸਿਵਲ ਹਸਪਤਾਲ, ਡਾ.ਅਰੁਣ ਕੁਮਾਰ, ਰਕੇਸ਼ ਸ਼ਰਮਾ ਚੇਅਰਮੈਨ ਇਪਲਾਈ ਵੈਲਫੇਅਰ ਐਸੋਸੀਏਸ਼ਨ ਅਤੇ ਆਈ.ਐਮ.ਏ ਮੈਂਬਰ ਜਿਲੇ ਦੇ ਮਾਹਿਰ ਡਾਕਟਰ ਹਾਜ਼ਰ ਸਨ।

ਕੈਪਸ਼ਨ

ਸਿਵਲ ਸਰਜਨ ਡਾ. ਪ੍ਰਭਦੀਪ ਕੌਰ ਜੌਹਲ ਅਤੇ ਪ੍ਰਿੰਸੀਪਲ ਸਰਕਾਰੀ ਮੈਡੀਕਲ ਕਾਲਜ ਡਾ. ਸੁਜਾਤਾ ਸ਼ਰਮਾ ਨੂੰ ਸਮਾਨ ਦਿੰਦੇ ਡਾ. ਰਬਿੰਦਰ ਸਿੰਘ ਸੇਠੀ।

=========

**ਦਫ਼ਤਰ ਜ਼ਿਲ੍ਹਾ ਲੋਕ ਸੰਪਰਕ ਅਫ਼ਸਰ, ਅੰਮ੍ਰਿਤਸਰ।**

# ਸਮਾਜਸੈਵੀ ਸੰਸਥਾਵਾਂ ਦੇ ਨਾਲ ਨਾਲ ਨਿਜੀ ਸੰਸਥਾਵਾਂ ਵੀ ਆਈਆਂ ਅੱਗੇ

**ਅੰਮ੍ਰਿਤਸਰ**, 01 **ਅਪ੍ਰੈਲ** (                                  ) : ਕੋਰੋਨਾ ਵਾਇਰਸ ਤੋਂ ਜ਼ਿਲ੍ਹਾ ਵਾਸੀਆਂ ਨੂੰ ਬਚਾਏ ਰੱਖਣ ਲਈ ਜ਼ਿਲ੍ਹਾ ਪ੍ਰਸਾਸ਼ਨ ਵੱਲੋਂ ਕੀਤੇ ਜਾ ਰਹੇ ਉਪਰਾਲਿਆਂ ਦੇ ਨਾਲ ਨਾਲ ਸਮਾਜ ਸੇਵੀ ਸੰਸਥਾਵਾਂ ਅਤੇ ਕੁਝ ਨਿੱਜੀ ਸੰਸਥਾਵਾਂ ਵੀ ਲੋੜਵੰਦਾਂ ਦੀ ਸਹਾਇਤਾਂ ਲਈ ਅੱਗੇ ਆ ਰਹੀਆਂ ਹਨ ਅਤੇ ਉਨ੍ਹਾਂ ਵਲੋਂ ਲੋੜਵੰਦਾਂ ਤੱਕ ਰਾਸ਼ਨ ਅਤੇ ਫੂਡ ਦੇ ਪੈਕੇਟ ਘਰ ਘਰ ਤੱਕ ਪਹੁੰਚਾਏ ਜਾ ਰਹੇ ਹਨ।

ਇਕ ਨਿੱਜੀ ਸੰਸਥਾ  ਐਡਵਾਂਸ ਇੰਡੀਆ ਪ੍ਰੋਜੈਕਟ ਲਿਮ: ਵਲੋ ਸੈਲੀਬਰੇਸ਼ਨ ਮਾਲ ਦੇ 16 ਪਰਿਵਾਰਾਂ ਨੂੰ ਅਡਾਪਟ ਵੀ ਕੀਤਾ ਗਿਆ ਹੈ ਅਤੇ ਉਨ੍ਹਾਂ ਦੇ ਰਹਿਣ ਸਹਿਣ ਅਤੇ ਖਾਣ ਪੀਣ ਦੀ ਵਿਵਸਥਾ ਵੀ ਕੰਪਨੀ ਵਲੋ ਕੀਤੀ ਜਾ ਰਹੀ ਹੈ ਅਤੇ ਇਸਦੇ ਨਾਲ ਨਾਲ ਸੈਲੀਬਰੇਸ਼ਨ ਮਾਲ ਵਿਚ ਲੋੜਵੰਦਾਂ ਲਈ ਫੂਡ ਪੈਕਟ ਤਿਆਰ ਕਰਕੇ ਲੋੜਵੰਦਾਂ ਤੱਕ ਪਹੁੰਚਾਏ ਜਾ ਰਹੇ ਹਨ।  ਇਸ ਕੰਪਨੀ ਵਲੋਂ ਪੂਰੇ ਪੰਜਾਬ ਵਿੱਚ ਲੋੜਵੰਦਾਂ ਲਈ ਲੰਗ ਵੀ ਲਗਾਏ ਜਾ ਰਹੇ ਹਨ।

ਸ਼੍ਰੀਮਤੀ ਨਿਧੀ ਮਹਿਰਾ ਸੈਂਟਰ ਹੈਡ ਸੈਲੀਬਰੇਸ਼ਨ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਪੁਲਸ ਪ੍ਰਸ਼ਾਸਨ ਅਤੇ ਆਮ ਲੋਕਾਂ ਵਲੋ ਲੋੜਵੰਦਾਂ ਦੀਆਂ  ਜੋ ਵੀ ਲਿਸਟਾ ਮੁੱਹਈਆਂ ਕਰਵਾਈਆਂ ਜਾਂਦੀਆਂ ਹਨ ਉਸ ਦੇ ਮੁਤਾਬਕ ਮਾਲ ਦੇ ਕਰਮਚਾਰੀ ਘਰ ਘਰ ਜਾ ਕੇ ਲੋੜਵੰਦਾਂ ਨੂੰ ਰਾਸ਼ਨ ਮੁਹੱਈਆ ਕਰਵਾ ਰਹੇ ਹਨ। ਉਨ੍ਹਾਂ ਦੱਸਿਆ ਕਿ ਕੰਪਨੀ ਦੇ ਕਰਮਚਾਰੀ ਰੋਜ਼ਾਨਾ ਲਿਸਟਾਂ ਅਨੁਸਾਰ ਵੱਖ ਵੱਖ ਇਲਾਕਿਆਂ ਵਿਚ ਜਾ ਕੇ ਅਤੇ ਇਲਾਕਿਆਂ ਦੇ ਮੋਹਤਬਰ ਵਿਅਕਤੀਆਂ ਦੀ ਸਹਾਇਤਾ ਨਾਲ ਲੋੜਵੰਦਾਂ ਨੂੰ ਘਰ ਘਰ ਰਾਸ਼ਨ ਪਹੁੰਚਾਇਆ ਜਾ ਰਿਹਾ ਹੈ। ਸ੍ਰੀਮਤੀ ਮਹਿਰਾ ਨੇ ਦੱਸਿਆ ਕਿ ਇਸ ਰਾਸ਼ਨ ਵਿੱਚ ਆਟਾ, ਦਾਲ, ਚੀਨੀ, ਤੇਲ, ਚਾਹਪਤੀ ਆਦਿ ਸ਼ਾਮਲ ਹਨ। ਉਨ੍ਹਾਂ ਦੱਸਿਆ ਕਿ ਹੁਣ ਤੱਕ ਕੰਪਨੀ ਵਲੋਂ ਰੋਜ਼ਾਨਾ 500 ਤੋਂ ਵੱਧ ਰਾਸ਼ਨ ਦੇ ਪੈਕਟ ਲੋੜਵੰਦਾਂ ਤੱਕ ਪਹੁੰਚਾਏ ਜਾ ਚੁਕੇ ਹਨ।  ਸ੍ਰੀਮਤੀ ਮਹਿਰਾ ਨੇ ਦੱਸਿਆ ਕਿ ਸੀਨੀਅਰ ਪੱਤਰਕਾਰ ਸ੍ਰੀ ਦੀਪਕ ਮਹਿਰਾ ਵੀ ਸਾਡੇ ਇਸ ਕੰਮ ਵਿੱਚ ਕਾਫ਼ੀ ਸਹਿਯੋਗ ਕਰ ਰਹੇ ਹਨ।

ਕੈਪਸ਼ਨ :  ਐਡਵਾਂਸ ਇੰਡੀਆ ਪ੍ਰੋਜੈਕਟ ਲਿਮ: ਦੇ ਕਰਮਚਾਰੀ ਨਵਾਂ ਕੋਟ ਇਲਾਕੇ ਵਿੱਚ ਸ੍ਰੀ ਵਿਵੇਕ ਸ਼ਰਮਾ ਨਾਲ ਮਿਲ ਕੇ ਲੋੜਵੰਦਾਂ ਨੂੰ ਰਾਸ਼ਨ ਮੁਹੱਈਆ ਕਰਦੇ ਹੋਏ।

==========